# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

ਨਗਰ ਨਿਗਮ ਦੀ ਟੀਮ ਵੱਲੋਂ 9 ਦੁਕਾਨਦਾਰਾਂ ਅਤੇ ਰੇਹੜੀ ਵਾਲਿਆਂ ਤੋਂ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਕਬਜੇ ਵਿੱਚ ਲਏ.........ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 15 ਜੁਲਾਈ ਮਈ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਲਾਸਟਿਕ ਦੇ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਤੇ ਲਗਾਈ ਗਈ ਪਾਬੰਦੀ ਦੇ ਹੁਕਮਾਂ ਨੂੰ ਲਾਗੂ ਕਰਵਾਉਣ ਲਈ ਨਗਰ ਨਿਗਮ ਦੇ ਸੁਪਰਡੈਂਟ ਸੁਆਮੀ ਸਿੰਘ ਦੀ ਅਗਵਾਈ ਹੇਠ ਇੰਸਪੈਕਟਰ ਸੁਰਜੀਤ ਬਹਿਲ, ਵਿਨੇ ਉੱਪਲ ਅਤੇ ਕੁਲਵਿੰਦਰ ਸਿੰਘ ਨੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ, ਭੰਗੀ ਚੋਅ ਦੇ ਨਜਦੀਕ, ਪੁਰਾਣੀ ਸਬਜੀ ਮੰਡੀ, ਕਮਾਲਪੁਰ ਚੌਕ ਜਲੰਧਰ ਰੋਡ, ਪਰਭਾਤ ਚੋਂਕ, ਗੋਰਮਿੰਟ ਕਾਲੇਜ਼ ਚੋਂਕ, ਸ਼ੈਸ਼ਨ ਚੋਂਕ, ਘੰਟਾ ਘਰ ਅਤੇ ਬੱਸ ਸਟੈਂਡ ਦੇ ਆਲੇ-ਦੁਆਲੇ ਵੱਖ-ਵੱਖ ਦੁਕਾਨਾਂ ਤੇ ਜਾ ਕੇ ਪਲਾਸਟਿਕ ਲਿਫਾਫਿਆਂ ਦੀ ਚੈਕਿੰਗ ਕੀਤੀ ਅਤੇ ਮੌਕੇ ਤੇ 9 ਦੁਕਾਨਦਾਰਾਂ ਅਤੇ ਰੇਹੜੀ ਵਾਲਿਆਂ ਦੇ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਕਬਜੇ ਵਿੱਚ ਲਏ ਅਤੇ ਦੁਕਾਨਦਾਰਾਂ ਨੂੰ ਪੰਜਾਬ ਸਰਕਾਰ ਵੱਲੋ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਵੇਚਣ ਅਤੇ ਵਰਤੋਂ ਨਾ ਕਰਨ ਦੀ ਹਦਾਇਤ ਕੀਤੀ।ਉਹਨ੍ਹਾਂ ਨੇ ਦਸਿੱਆ ਕਿ ਨਗਰ ਨਿਗਮ ਦੀ ਟੀਮ ਵੱਲੋਂ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿੱਚ ਜਾ ਕੇ ਰੋਜਾਨਾ ਦੁਕਾਨਾਂ ਤੇ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫਿਆ ਦੀ ਚੈਕਿੰਗ ਕੀਤੀ ਜਾ ਰਹੀ ਹੈ।